20102025-Hoshiarpur-08.qxd 10/19/2025 11:14 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਜਨਮ ਦਿਨ ਮੁਬਾਰਕ

ਅੱਵਲ ਜੋਤ ਸਿੰਘ ਭਾਟੀਆ
ਪਿਤਾ : ਸਵ. ਮੇਜਰ ਮਨਦੀਪ ਸਿੰਘ
ਮਾਤਾ : ਮੇਜਰ ਡਾ. ਹੇਮਪ੍ਰੀਤ ਕੌਰ
ਵਾਸੀ : ਨਵਾਂਸ਼ਹਿਰ

ਵਰ੍ਹੇਗੰਢ ਮਨਾਈ

ਮਾਸਟਰ ਮਹਿੰਦਰ ਪਾਲ ਤੇ ਗੁਰਬਖਸ਼ ਕੌਰ ਵਾਸੀ ਖੋਸਲਾ ਮੁਹੱਲਾ ਰਾਹੋਂ ਨੇ ਵਿਆਹ ਦੀ 40ਵੀਂ ਵਰ੍ਹੇਗੰਢ ਮਨਾਈ।

ਹਰਪ੍ਰੀਤ ਕਰਡਾ ਤੇ ਰੁਪਿੰਦਰ ਕੌਰ ਵਾਸੀ ਖੋਸਲਾ ਮੁਹੱਲਾ ਰਾਹੋਂ ਨੇ ਵਿਆਹ ਦੀ ਚੌਥੀ ਵਰ੍ਹੇਗੰਢ ਮਨਾਈ।

ਸ਼ਹਿਨਾਈਆਂ

ਹਰਪ੍ਰੀਤ ਕੌਰ ਪੁੱਤਰੀ ਹਰਮਿੰਦਰ ਕੁਮਾਰ ਵਾਸੀ ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਵਿਆਹ ਨਿਤਿਨ ਮਨਹਾਸ ਪੁੱਤਰ ਅਮਰਜੀਤ ਸਿੰਘ ਏ. ਐਸ. ਆਈ. ਵਾਸੀ ਪਿੰਡ ਖੁਸ਼ੀ ਪੱਦੀ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਹੋਇਆ।

ਸੀਹਮਾਰ ਸਤੀ ਮਾਤਾ ਦੇ ਦਰਬਾਰ 'ਤੇ ਮੇਲਾ 22 ਨੂੰ

ਸੜੋਆ, 17 ਅਕਤੂਬਰ (ਹਰਮੇਲ ਸਹੂੰਗੜਾ)- ਸੀਹਮਾਰ ਸਤੀ ਮਾਤਾ ਦੇ ਦਰਬਾਰ 'ਤੇ ਸਾਲਾਨਾ ਮੇਲਾ ਤੇ ਭੰਡਾਰਾ ਪਿੰਡ ਰਤਨਪੁਰ ਕਾਣੇਵਾਲ ਨਜ਼ਦੀਕ ਭਵਾਨੀਪੁਰ ਵਿਖੇ 22 ਅਕਤੂਬਰ ਨੂੰ ਮਨਾਇਆ ਜਾ ਰਿਹਾ ਹੈ। ਮੇਲੇ 'ਚ ਪੰਮਾ ਮਿਊਜ਼ੀਕਲ ਗਰੁੱਪ ਲੁਧਿਆਣਾ (ਸੋਢੀਆਂ ਵਾਲੇ) ਵਲੋਂ ਮੇਲੇ ਦੀ ਰੌਣਕ ਵਿਚ ਮਾਤਾ ਦੀਆਂ ਭੇਟਾਂ/ਭਜਨ ਗਾ ਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਮੇਲੇ ਸੰਬੰਧੀ ਜਾਣਕਾਰੀ ਸਮੂਹ ਸੰਗਤ ਸੀਹਮਾਰ ਪਰਿਵਾਰ ਤੇ ਨਾਨਕ ਚੰਦ ਪ੍ਰਧਾਨ, ਜੋਗ ਨਾਥ ਨੈਨਵਾ ਸਟੇਜ ਸਕੱਤਰ ਤੇ ਸੁਰਿੰਦਰ ਪਾਲ ਸਿੰਘ ਕੈਸ਼ੀਅਰ ਨੇ ਸਾਂਝੇ ਤੌਰ 'ਤੇ ਦਿੱਤੀ।

ਨਸ਼ਾ ਛੁਡਾਊ ਕੇਂਦਰ ਨਵਾਂਸ਼ਹਿਰ 'ਚ ਮਨਾਇਆ ਦੀਵਾਲੀ ਤੇ ਬੰਦੀ ਛੋੜ ਦਿਵਸ

ਨਵਾਂਸ਼ਹਿਰ, 19 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ, ਧਰਮਸ਼ਾਲਾ ਭੁੱਚਰਾਂ, ਰੇਲਵੇ ਰੋਡ ਨਵਾਂਸ਼ਹਿਰ ਵਿਖੇ ਬੰਦੀ ਛੋੜ ਦਿਵਸ ਤੇ ਦੀਵਾਲੀ ਦਾ ਤਿਉਹਾਰ ਮਨਾਇਆ, ਜਿਸ ਦੀ ਪ੍ਰਧਾਨਗੀ ਚਮਨ ਸਿੰਘ (ਪ੍ਰਾਜੈਕਟ ਡਾਇਰੈਕਟਰ) ਵਲੋਂ ਕੀਤੀ ਗਈ। ਇਸ ਮੌਕੇ ਪ੍ਰਾਜੈਕਟ ਡਾਇਰੈਕਟਰ ਨੇ ਇਕੱਠ ਨੂੰ ਸੰਬੋਧਿਤ ਹੁੰਦਿਆਂ ਸਭ ਤੋਂ ਪਹਿਲਾ ਮੁਬਾਰਕਾਂ ਦਿੱਤੀਆਂ। ਉਹਨਾਂ ਕਿਹਾ ਕਿ ਇਹ ਤਿਉਹਾਰ ਸਿੱਖਾਂ ਤੇ ਹਿੰਦੂਆਂ ਦਾ ਸਾਂਝਾ ਤਿਉਹਾਰ ਹੈ। ਉਨ੍ਹਾਂ ਨੇ ਦੀਵਾਲੀ ਦੇ ਇਤਿਹਾਸ ਤੇ ਮਿਥਿਹਾਸ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਅੱਜ ਅਸੀਂ ਅੰਧਵਿਸ਼ਵਾਸੀ ਬਣਦੇ ਜਾ ਰਹੇ ਹਾਂ ਤੇ ਬਾਜ਼ਾਰ 'ਚ ਭੀੜ ਵੱਧਦੀ ਜਾ ਰਹੀ ਹੈ। ਲੋਕ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਤੇ ਮਿਠਿਆਈਆਂ ਦੀ ਵਰਤੋਂ ਕਰਕੇ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ। ਬਾਰੂਦ ਜਲਾ ਕੇ ਵਾਤਾਵਰਨ ਨੂੰ ਦੂਸ਼ਤਿ ਕਰ ਰਹੇ ਹਾਂ। ਆਵਾਜ਼ ਪ੍ਰਦੂਸ਼ਣ ਨਾਲ ਸੁਣਨ ਸ਼ਕਤੀ ਕਮਜ਼ੋਰ ਹੁੰਦੀ ਜਾ ਰਹੀ ਹੈ, ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਹੋ ਰਿਹਾ ਹੈ। ਔਰਤ ਵਰਗ ਨਾਲ ਜਬਰ ਜਨਾਹ ਦੇ ਮਾਮਲੇ ਵੱਧ ਰਹੇ। ਕਿਰਤੀਆਂ ਦੀ ਹਾਲਤ ਤਰਸਯੋਗ ਹੈ। ਜਾਤ-ਪਾਤ ਨੂੰ ਖਤਮ ਕਰਨ ਲਈ ਸਮਾਜਿਕ ਸਮਾਨਤਾ ਤੇ ਆਰਥਿਕ ਲੁੱਟ ਰੋਕਣ ਲਈ ਉਪਰਾਲੇ ਕਰਨੇ ਚਾਹੀਦੇ ਹਨ। ਸਾਨੂੰ ਚਾਹੀਦਾ ਹੈ ਕਿ ਇਸ ਦਿਨ ਨੂੰ ਸਭਾਵਾਂ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਸ੍ਰੀਮਤੀ ਕਮਲਜੀਤ, ਕੌਂਸਲਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਮਨਜੀਤ ਸਿੰਘ, ਦਿਨੇਸ਼ ਕੁਮਾਰ, ਕੁਲਵੰਤ ਸਿੰਘ, ਪਰਵੀਨ ਕੁਮਾਰੀ, ਪਰਵੇਸ਼ ਕੁਮਾਰ, ਕਮਲਾ ਰਾਣੀ, ਕੋਮਲਪ੍ਰੀਤ ਕੌਰ ਤੇ ਮਰੀਜ਼ ਹਾਜ਼ਰ ਸਨ।

ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਨਵਾਂਸ਼ਹਿਰ ਵਿਖੇ ਚਮਨ ਸਿੰਘ ਸੰਬੋਧਨ ਕਰਦੇ ਹੋਏ।

ਸ਼ੋਰ ਤੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦੀ ਅਪੀਲ

ਬਹਿਰਾਮ, 19 ਅਕਤੂਬਰ (ਨਛੱਤਰ ਸਿੰਘ ਬਹਿਰਾਮ)-ਸ਼ੋਰ 'ਤੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ 'ਆਪ' ਆਗੂ ਮਹਿੰਦਰ ਪਾਲ ਬਹਿਰਾਮ ਐਜੂਕੇਸ਼ਨ ਕੋਆਰਡੀਨੇਟਰ ਨੇ ਇਕ ਸਮਾਗਮ ਤੋਂ ਬਾਅਦ ਗੱਲਬਾਤ ਕਰਦਿਆਂ ਕਿਹਾ ਕਿ ਉਕਤ ਦਿਹਾੜੇ 'ਤੇ ਪਟਾਕੇ ਨਹੀਂ ਚਲਾਉਣੇ ਚਾਹੀਦੇ ਇਨ੍ਹਾਂ ਨਾਲ ਜਿਥੇ ਗੰਧਲਾ ਪ੍ਰਦੂਸ਼ਣ ਬਣਦਾ ਹੈ ਉਥੇ ਇਨਸਾਨਾਂ, ਜੀਵ-ਜੰਤੂਆਂ ਆਦਿ ਲਈ ਗੰਭੀਰ ਬਿਮਾਰੀਆਂ ਨੂੰ ਵੀ ਸੱਦਾ ਦਿੰਦੇ ਹਨ। ਇਹ ਤਿਉਹਾਰ ਖੁਸ਼ੀਆਂ ਤੇ ਭਾਈਚਾਰਕ ਦਾ ਸਾਂਝਾ ਤਿਉਹਾਰ ਹੁੰਦਾ ਹੈ। ਇਸ ਦਿਨ ਤੇਲ ਤੇ ਘਿਉ ਦੇ ਦੀਵੇ ਬਾਲਣੇ ਚਾਹੀਦੇ ਹਨ ਅਤੇ ਬਜ਼ਾਰੀ ਵਸਤੂਆਂ ਖਾਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ ।

ਬਹਿਰਾਮ ਐਜੂਕੇਸ਼ਨ ਕੋਆਰਡੀਨੇਟਰ 'ਆਪ' ਮਹਿੰਦਰ ਪਾਲ

ਪੰਜਾਬੀ ਵੀਰੋ ਆਓ ਸਾਰੇ ਪ੍ਰਦੂਸ਼ਣ ਰਹਿਤ ਦੀਵਾਲੀ ਦਾ ਤਿਉਹਾਰ ਮਨਾਈਏ-ਡਾ. ਉਂਕਾਰ ਸਿੰਘ, ਮੈਡਮ ਦਲਜੀਤ ਕੌਰ

ਕਟਾਰੀਆਂ, 19 ਅਕਤੂਬਰ (ਪ੍ਰੇਮੀ ਸੰਧਵਾਂ)-ਮਹਿੰਦਰਾ ਹਸਪਤਾਲ ਮੁਕੰਦਪੁਰ ਰੋਡ ਬੰਗਾ ਦੇ ਐਮ. ਡੀ. ਡਾ. ਉਂਕਾਰ ਸਿੰਘ ਤੇ ਚੇਅਰਪਰਸਨ ਮੈਡਮ ਦਲਜੀਤ ਕੌਰ ਨੇ ਦੀਵਾਲੀ, ਬੰਦੀਛੋੜ ਅਤੇ ਕਿਰਤ ਦੇ ਦੇਵਤਾ ਵਿਸ਼ਵਕਰਮਾ ਦਿਵਸ ਦੀਆਂ ਸਭ ਸੰਗਤਾਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਰੁੱਖਾਂ ਦੀ ਅੰਧਾ ਧੁੰਦ ਹੋ ਰਹੀ ਕਟਾਈ ਕਾਰਨ ਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਸਾਨੂੰ ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਪਟਾਕੇ ਚਲਾਉਣ ਦੀ ਬਜਾਏ ਬੂਟੇ ਲਾ ਕੇ ਹਰੀ ਦੀਵਾਲੀ ਮਨਾਉਣੀ ਚਾਹੀਦੀ ਹੈ ਕਿਉਂਕਿ ਪਹਿਲਾਂ ਹੀ ਰੁੱਖਾਂ ਦੀ ਘਾਟ ਕਾਰਨ ਗੰਧਲੇ ਹੋਏ ਵਾਤਾਵਰਨ ਨੂੰ ਬਚਾਉਣ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਉਨ੍ਹਾਂ ਦੇ ਰੁੱਖ ਬਣਨ ਤੱਕ ਪੂਰੀ ਤਰ੍ਹਾਂ ਸੰਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਮਨੁੱਖ ਆਪਣੀਆਂ ਕਰਨ ਵਾਲੀਆਂ ਗਲਤੀਆਂ ਤੋਂ ਬਾਜ਼ ਨਾ ਆਇਆ ਤਾਂ ਉਹ ਦਿਨ ਦੂਰ ਨਹੀਂ ਜਦੋਂ ਮਨੁੱਖ ਨੂੰ ਰੁੱਖਾਂ ਦੀ ਘਾਟ ਕਾਰਨ ਸਾਹ ਲੈਣਾ ਵੀ ਧਰਤੀ 'ਤੇ ਮੁਸ਼ਕਿਲ ਹੋ ਜਾਵੇਗਾ। ਡਾ. ਉਂਕਾਰ ਸਿੰਘ, ਮੈਡਮ ਦਲਜੀਤ ਕੌਰ, ਡਾ. ਰਵਨੀਤ ਤੇ ਡਾ. ਰਜਿੰਦਰ ਸਿੰਘ ਹੈਰੀ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਮਹਿੰਗੇ ਮੁੱਲ ਦੇ ਪਟਾਕੇ ਚਲਾਉਣ ਦੀ ਬਜਾਏ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ।

ਡਾ. ਉਂਕਾਰ ਸਿੰਘ ਤੇ ਮੈਡਮ ਦਲਜੀਤ ਕੌਰ

ਦੀਵਾਲੀ ਮੌਕੇ ਵਾਤਾਵਰਨ ਦੀ ਸੰਭਾਲ ਲਈ ਬੂਟੇ ਲਗਾ ਕੇ ਗ੍ਰੀਨ ਦੀਵਾਲੀ ਮਨਾਈ ਜਾਵੇ-ਬਿਮਲਾ ਸਿੰਘ ਭਾਟੀਆ ਕੈਨੇਡਾ

ਪੋਜੇਵਾਲ ਸਰਾਂ, 19 ਅਕਤੂਬਰ (ਨਵਾਂਗਰਾਈਂ)-ਪ੍ਰਵਾਸੀ ਭਾਰਤੀ ਬਿਮਲਾ ਸਿੰਘ ਭਾਟੀਆ ਕੈਨੇਡਾ ਨਵਾਂਗਰਾਂ ਪਤਨੀ ਸਵ: ਕੁੰਦਨ ਸਿੰਘ ਭਾਟੀਆ ਕੈਨੇਡਾ ਵਲੋਂ ਸਰਕਾਰੀ ਮਿਡਲ/ਪ੍ਰਾਇਮਰੀ ਸਕੂਲ ਕਰੀਮਪੁਰ ਚਾਹਵਾਲਾ ਵਿਖੇ ਦੀਵਾਲੀ ਸੰਬੰਧੀ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਮਿਠਿਆਈ ਤੇ ਫੁੱਲਦਾਰ ਬੂਟੇ ਵੰਡੇ। ਇਸ ਮੌਕੇ ਬਿਮਲਾ ਸਿੰਘ ਭਾਟੀਆ ਵਲੋਂ ਬੱਚਿਆਂ ਨੂੰ ਗਰੀਨ ਦਿਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਅਸੀਂ ਆਪਣੇ ਵਾਤਾਵਰਨ ਨੂੰ ਬਚਾਉਣ ਲਈ ਕੁਝ ਕਰੀਏ। ਉਨ੍ਹਾਂ ਕਿਹਾ ਕਿ ਪਟਾਕੇ ਤੇ ਆਤਿਸ਼ਬਾਜ਼ੀ ਚਲਾਉਣ ਨਾਲ ਇਕ ਤਾਂ ਸਾਡਾ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਦੂਜਾ ਪੈਸੇ ਦੀ ਬਰਬਾਦੀ ਹੁੰਦੀ ਹੈ ਤੇ ਤੀਜਾ ਸਾਡੇ ਲਈ ਇਹ ਕੰਮ ਜੋਖ਼ਮ ਭਰਿਆ ਹੁੰਦਾ ਹੈ। ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਉਹ ਤਿਉਹਾਰਾਂ ਮੌਕੇ ਵੱਧ ਤੋਂ ਵੱਧ ਬੂਟੇ ਲਗਾਉਣ। ਇਸ ਮੌਕੇ ਬੱਚਿਆਂ ਨੇ ਵਾਅਦਾ ਕੀਤਾ ਕਿ ਉਹ ਇਸ ਵਾਰੀ ਗਰੀਨ ਦਿਵਾਲੀ ਮਨਾਉਣਗੇ। ਇਸ ਮੌਕੇ ਵਿਜੇ ਕੁਮਾਰ ਹੱਕਲਾ ਇੰਚਾਰਜ, ਸੁਰਿੰਦਰ ਕੁਮਾਰ, ਕੁਲਵਿੰਦਰ ਕੌਰ, ਦਰਸ਼ਨਾ ਦੇਵੀ, ਸੁਰਜੀਤ ਖੇਪੜ ਆਦਿ ਸਮੇਤ ਵਿਦਿਆਰਥੀ ਹਾਜਰ ਸਨ।

ਸਰਕਾਰੀ ਪ੍ਰਾਇਮਰੀ/ਮਿਡਲ ਸਕੂਲ ਕਰੀਮਪੁਰ ਚਾਹਵਾਲਾ ਵਿਖੇ ਬਿਮਲਾ ਸਿੰਘ ਭਾਟੀਆ ਦੀਵਾਲੀ ਮੌਕੇ ਬੱਚਿਆਂ ਨੂੰ ਬੂਟੇ ਤੇ ਮਠਿਆਈ ਦੇਣ ਸਮੇਂ। ਤਸਵੀਰ : ਨਵਾਂਗਰਾਈਂ

ਪ੍ਰਦੂਸ਼ਣ ਮੁਕਤ ਗਰੀਨ ਦੀਵਾਲੀ ਮਨਾ ਕੇ ਸੁਰੱਖਿਅਤ ਰਹੀਏ-ਡਾ. ਜਸਵਿੰਦਰ ਸਿੰਘ ਸੈਣੀ

ਨਵਾਂਸ਼ਹਿਰ, 19 ਅਕਤੂਬਰ (ਹਰਮਿੰਦਰ ਸਿੰਘ ਪਿੰਟੂ)-ਰਾਜਾ ਹਸਪਤਾਲ ਮੋਤਾ ਸਿੰਘ ਰੋਡ ਨਵਾਂਸ਼ਹਿਰ ਦੇ ਡਾਇਰੈਕਟਰ ਡਾ. ਜਸਵਿੰਦਰ ਸਿੰਘ ਤੇ ਡਾ. ਅਮਰਿੰਦਰ ਸਿੰਘ ਸੈਣੀ ਨੇ ਜਨਤਾ ਨੂੰ ਅਪੀਲ ਕੀਤੀ ਕਿ ਪ੍ਰਦੂਸ਼ਣ ਮੁਕਤ ਗਰੀਨ ਦੀਵਾਲੀ ਮਨਾ ਕੇ ਆਪ ਸੁਰੱਖਿਅਤ ਰਹੋ ਤੇ ਦੂਜਿਆਂ ਨੂੰ ਸੁਰੱਖਿਅਤ ਰੱਖੋ। ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਪਟਾਕਿਆਂ ਤੋਂ ਨਿਕਲਣ ਵਾਲਾ ਧੂੰਆ ਬਹੁਤ ਹੀ ਜ਼ਹਿਰੀਲਾ ਹੁੰਦਾ ਹੈ, ਇਸ ਲਈ ਪਟਾਕੇ ਚਲਾਉਣ ਸਮੇਂ ਹਮੇਸ਼ਾ ਸਾਵਧਾਨੀ ਵਰਤੋਂ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਗਾ ਅਤੇ ਉਨ੍ਹਾਂ ਦੀ ਸੇਵਾ ਸੰਭਾਲ ਕਰੋ। ਜੇਕਰ ਅਸੀਂ ਬੂਟੇ ਨਾ ਲਗਾਏ ਤਾਂ ਧਰਤੀ ਦਾ ਪਾਣੀ ਦਾ ਪੱਧਰ ਥੱਲੇ ਚਲੇ ਜਾਵੇਗਾ। ਡਾ. ਜਸਵਿੰਦਰ ਸਿੰਘ ਤੇ ਡਾ. ਅਮਰਿੰਦਰ ਸਿੰਘ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਦੀਵਾਲੀ ਦਾ ਤਿਉਹਾਰ ਆਪਸੀ ਭਾਈਚਾਰਕ ਸਾਂਝ ਦਾ ਸੰਦੇਸ਼ ਦਿੰਦਾ ਹੈ। ਇਸ ਦਿਨ ਲੋਕ ਜਿਥੇ ਘਰਾਂ ਦੀ ਸਾਫ ਸਫਾਈ ਕਰਦੇ ਹਨ, ਉਥੇ ਇਕ ਦੂਜੇ ਨੂੰ ਤੋਹਫੇ ਦੇ ਕੇ ਖੁਸ਼ੀ ਦਾ ਇਜ਼ਹਾਰ ਕਰਦੇ ਹਨ।

ਡਾਕਟਰ ਜਸਵਿੰਦਰ ਸਿੰਘ ਸੈਣੀ ਤੇ ਡਾਕਟਰ ਅਮਰਿੰਦਰ ਸਿੰਘ।

ਲੰਗੜੋਆ ਵਿਖੇ ਜਥੇਦਾਰ ਗੁਰਬਖ਼ਸ਼ ਸਿੰਘ ਖ਼ਾਲਸਾ ਨੂੰ ਸਹਾਇਤਾ ਰਾਸ਼ੀ ਭੇਟ ਕਰਦੇ ਹੋਏ ਜਥੇਦਾਰ ਤਾਰਾ ਸਿੰਘ ਲੰਗੜੋਆ ਤੇ ਪਰਿਵਾਰ।

ਸ਼੍ਰੋਮਣੀ ਕਮੇਟੀ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਭੇਟ ਕੀਤੀ ਸਹਾਇਤਾ ਰਾਸ਼ੀ

ਨਵਾਂਸ਼ਹਿਰ, 19 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਸ਼ੁਰੂ ਕੀਤੇ ਹੜ੍ਹ ਰਾਹਤ ਫ਼ੰਡ 'ਚ ਸਭ ਧਰਮਾਂ, ਵਰਗਾਂ ਤੇ ਸਿੱਖ ਸੰਗਤਾਂ ਵਲੋਂ ਆਪਣਾ-ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਵਲੋਂ ਕੀਤੇ ਜਾ ਰਹੇ ਇਨ੍ਹਾਂ ਮਨੁੱਖਤਾ ਦੀ ਸੇਵਾ ਕਾਰਜਾਂ 'ਚ ਆਪਣੀ ਕਿਰਤ-ਕਮਾਈ 'ਚੋਂ ਪਿੰਡ ਲੰਗੜੋਆ ਵਾਸੀ ਜਥੇਦਾਰ ਤਾਰਾ ਸਿੰਘ ਦੇ ਆਸਟ੍ਰੇਲੀਆ ਰਹਿੰਦੇ ਪੋਤਰੇ ਹਰਪ੍ਰੀਤ ਸਿੰਘ, ਸਰਬਜੀਤ ਸਿੰਘ, ਪੋਤਰੀ ਕੁਲਜਿੰਦਰ ਕੌਰ ਤੇ ਨੂੰਹ ਭੁਪਿੰਦਰ ਕੌਰ ਵਲੋਂ 50 ਹਜ਼ਾਰ ਰੁਪਏ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਬਖ਼ਸ਼ ਸਿੰਘ ਖ਼ਾਲਸਾ ਰਾਹੀਂ ਯੋਗਦਾਨ ਪਾਇਆ ਗਿਆ। ਯੋਗਦਾਨ ਲਈ ਜਥੇਦਾਰ ਖ਼ਾਲਸਾ ਨੇ ਜਥੇਦਾਰ ਤਾਰਾ ਸਿੰਘ ਲੰਗੜੋਆ ਦਾ ਸਮੁੱਚੀ ਸ਼੍ਰੋਮਣੀ ਕਮੇਟੀ ਵਲੋਂ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਤਾਰਾ ਸਿੰਘ, ਹਰਵਿੰਦਰ ਸਿੰਘ ਲੰਗੜੋਆ, ਪ੍ਰਭਜੀਤ ਸਿੰਘ ਮਿੱਠਾ, ਬੀਬੀ ਪਰਮਿੰਦਰ ਕੌਰ ਤੇ ਦਰਸ਼ਨ ਕੌਰ ਆਦਿ ਹਜ਼ਾਰ